# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

## 13:10

**ਮਿਤੀ :01-12-2025**

ਸੰਸਦ ਦਾ ਸਰਦ-ਰੁੱਤ ਇਜਲਾਸ ਅੱਜ ਤੋਂ ਸ਼ੁਰੂ ਹੋ ਗਿਆ ਏ। ਇਸ ਇਜਲਾਸ ਵਿਚ 19 ਦਿਨਾਂ ਦੌਰਾਨ ਕੁਲ 15 ਬੈਠਕਾਂ ਹੋਣਗੀਆਂ। ਲੋਕ ਸਭਾ ਦੀ ਕਾਰਵਾਈ ਜਦੋਂ ਸਵੇਰੇ 11 ਵਜੇ ਸ਼ੁਰੂ ਹੋਈ ਤਾਂ ਸਪੀਕਰ ਓਮ ਬਿਰਲਾ ਨੇ ਅਦਾਕਾਰ ਧਰਮਿੰਦਰ, ਕਰਨਲ (ਸੇਵਾ ਮੁਕਤ) ਸੋਨਾ ਰਾਮ ਚੌਧਰੀ, ਪ੍ਰੋ. ਵਿਜੇ ਕੁਮਾਰ ਮਲਹੋਤਰਾ ਅਤੇ ਰਵੀ ਨਾਇਕ ਦੇ ਦੇਹਾਂਤ 'ਤੇ ਉਨ੍ਹਾਂ ਨੂੰ ਸ਼ਰਧਾਂਜਲੀ ਭੇਟ ਕੀਤੀ। ਸਪੀਕਰ ਨੇ ਜਨਤਕ ਜੀਵਨ ਵਿਚ ਉਨ੍ਹਾਂ ਦੇ ਯੋਗਦਾਨ ਨੂੰ ਯਾਦ ਕੀਤਾ, ਜਿਸ ਤੋਂ ਬਾਅਦ ਸਦਨ ਨੇ ਉਨ੍ਹਾਂ ਦੀ ਯਾਦ ਵਿਚ ਇਕ ਮਿੰਟ ਦਾ ਮੌਨ ਰੱਖਿਆ। ਲੋਕ ਸਭਾ ਦੀ ਕਾਰਵਾਈ ਦੁਪਹਿਰ ਬਾਅਦ ਦੋ ਵਜੇ ਤੱਕ ਲਈ ਮੁਲਤਵੀ ਕਰ ਦਿੱਤੀ ਗਈ। ਇਸ ਦੌਰਾਨ, ਜਦੋਂ ਰਾਜ ਸਭਾ ਵਿਚ, ਸਵੇਰੇ 11 ਵਜੇ ਕਾਰਵਾਈ ਸ਼ੁਰੂ ਹੋਈ, ਤਾਂ ਜੰਮੂ-ਕਸ਼ਮੀਰ ਨੈਸ਼ਨਲ ਕਾਨਫਰੰਸ ਦੇ ਗੁਰਵਿੰਦਰ ਸਿੰਘ ਉਬਰਾਏ, ਚੌਧਰੀ ਮੁਹੰਮਦ ਰਮਜ਼ਾਨ ਅਤੇ ਸੱਜਾਦ ਅਹਿਮਦ ਕਿਚਲੂ ਨੇ ਰਾਜ ਸਭਾ ਮੈਂਬਰਾਂ ਵਜੋਂ ਸਹੁੰ ਚੁੱਕੀ। ਸਦਨ ਦੇ ਸਭਾਪਤੀ ਸੀਪੀ ਰਾਧਾਕ੍ਰਿਸ਼ਨਨ,

ਜਿਨ੍ਹਾਂ ਨੇ ਅੱਜ ਪਹਿਲੀ ਵਾਰ ਰਾਜ ਸਭਾ ਦੀ ਪ੍ਰਧਾਨਗੀ ਕੀਤੀ, ਦਾ ਸਵਾਗਤ ਕਰਦਿਆਂ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਕਿਹਾ ਕਿ, ਸ਼੍ਰੀ ਰਾਧਾਕ੍ਰਿਸ਼ਨਨ ਦਾ ਨਿਮਰ ਪਿਛੋਕੜ ਤੋਂ ਉਪ ਰਾਸ਼ਟਰਪਤੀ ਦੇ ਅਹੁਦੇ ਤੱਕ ਦਾ ਸਫ਼ਰ, ਦੇਸ਼ ਦੇ ਲੋਕਤੰਤਰ ਦੀ ਤਾਕਤ ਨੂੰ ਦਰਸਾਉਂਦਾ ਏ। ਸ਼੍ਰੀ ਮੋਦੀ ਨੇ ਕਿਹਾ ਕਿ ਉਨ੍ਹਾਂ ਦੀ ਅਗਵਾਈ ਹੇਠ ਸਦਨ ਮਹੱਤਵਪੂਰਨ ਮੁੱਦਿਆਂ 'ਤੇ ਚਰਚਾ ਕਰੇਗਾ ਅਤੇ ਫੈਸਲੇ ਲਵੇਗਾ।

-------------------------------------------------------

ਕੇਂਦਰ ਸਰਕਾਰ ਨੇ ਰਾਸ਼ਟਰਪਤੀ ਦ੍ਰੋਪਦੀ ਮੁਰਮੂ ਦੇ ਸੋਸ਼ਲ ਮੀਡੀਆ ਖਾਤਿਆਂ ਨੂੰ ਜਾਅਲੀ ਕਰਾਰ ਦਿੱਤਾ ਏ। ਪ੍ਰੈਸ ਇੰਫਰਮੇਸ਼ਨ ਬਿਊਰੋ (PIB) ਦੀ ਫੈਕਟ ਚੈੱਕ ਯੂਨਿਟ ਨੇ ਸਪੱਸ਼ਟ ਕੀਤਾ ਏ ਕਿ ਵਟਸਐਪ ਚੈਨਲ 'ਤੇ ਰਾਸ਼ਟਰਪਤੀ ਦਾ ਕੋਈ ਅਧਿਕਾਰਤ ਖਾਤਾ ਨਹੀਂ ਏ। PIB ਨੇ ਨਾਗਰਿਕਾਂ ਨੂੰ ਅਜਿਹੇ ਜਾਅਲੀ ਖਾਤਿਆਂ ਤੋਂ ਸੁਚੇਤ ਰਹਿਣ ਦੀ ਅਪੀਲ ਕੀਤੀ ਏ ਅਤੇ ਪ੍ਰਮਾਣਿਕ ਜਾਣਕਾਰੀ ਲਈ ਸਿਰਫ਼ ਅਧਿਕਾਰਤ ਸਰੋਤਾਂ 'ਤੇ ਭਰੋਸਾ ਕਰਨ ਦੀ ਸਲਾਹ ਦਿੱਤੀ ਏ।

-------------------------------------------------------

ਵਿਸ਼ਵ ਏਡਜ਼ ਦਿਵਸ ਮੌਕੇ ਪੰਜਾਬ ਦਾ ਸੂਬਾ ਪੱਧਰੀ ਸਮਾਗਮ ਮੋਹਾਲੀ ਦੇ ਪਿੰਡ ਸਹੌੜਾ ਸਥਿਤ ਰਿਆਤ ਬਾਹਰਾ ਯੂਨੀਵਰਸਿਟੀ ਵਿਚ ਕਰਵਾਇਆ ਗਿਆ। ਜਿਸ ਦੀ ਪ੍ਰਧਾਨਗੀ ਪੰਜਾਬ ਦੇ ਸਿਹਤ ਮੰਤਰੀ ਡਾ.

ਬਲਬੀਰ ਸਿੰਘ ਨੇ ਕੀਤੀ।  ਇਸ ਮੌਕੇ ਪੰਜਾਬ ਸਟੇਟ ਬਲੱਡ ਟਰਾਂਸਫੁਜਨ ਕੌਂਸਲ ਵੱਲੋਂ ਕਰਵਾਏ ਖ਼ੂਨਦਾਨ ਕੈਂਪ ਵਿਚ ਵਿਦਿਆਰਥੀਆਂ ਨੇ ਖ਼ੂਨਦਾਨ ਜ਼ਰੀਏ ਮਨੁੱਖਤਾ ਦੀ ਸੇਵਾ ਦਾ ਸੁਨੇਹਾ ਦਿੱਤਾ ਅਤੇ ਸੁਰੱਖਿਅਤ ਖ਼ੂਨਦਾਨ ਜ਼ਰੀਏ ਏਡਜ਼ ਤੋਂ ਬਚਣ ਦੀ ਲੋੜ ਉੱਤੇ ਜ਼ੋਰ ਦਿੱਤਾ। ਸਿਹਤ ਮੰਤਰੀ ਡਾ. ਬਲਬੀਰ ਸਿੰਘ ਨੇ ਖ਼ੂਨਦਾਨ ਕੈਂਪ ਦਾ ਜਾਇਜਾ ਲੈਕੇ  ਖ਼ੂਨਦਾਨ ਕਰਨ ਵਾਲੇ ਮੁੰਡੇ ਕੁੜੀਆਂ ਨੂੰ ਸਰਟੀਫਿਕੇਟ ਦੇ ਕੇ ਸਨਮਾਨਿਤ ਕੀਤਾ। ਗੱਲਬਾਤ ਕਰਦਿਆਂ ਸਿਹਤ ਮੰਤਰੀ ਨੇ ਕਿਹਾ ਕਿ ਇਸ ਵੇਲੇ ਪੰਜਾਬ ਵਿਚ 6000 ਦੇ ਕਰੀਬ ਏਡਜ਼ ਦੇ ਮਰੀਜ਼ ਨੇ। ਸਰਕਾਰ ਏਡਜ਼ ਦੇ ਫੈਲਾਅ ਨੂੰ ਰੋਕਣ ਲਈ ਲਗਾਤਾਰ ਯਤਨ ਕੀਤੇ ਜਾ ਰਹੇ ਨੇ ਅਤੇ ਇਸ ਨਾਮੁਰਾਦ ਪਰ ਇਲਾਜਯੋਗ ਬਿਮਾਰੀ ਉੱਤੇ ਕਾਫੀ ਹੱਦ ਤੱਕ ਕਾਬੂ ਪਾ ਲਿਆ ਗਿਆ ਏ।

Byte

ਉਨਾਂ ਕਿਹਾ ਕਿ ਏਡਜ਼ ਤੋਂ ਡਰਨ ਦੀ ਲੋੜ ਨਹੀਂ, ਦਵਾਈ ਖਾਣ ਨਾਲ ਵਿਅਕਤੀ ਆਮ ਵਾਂਗ ਜਿੰਦਗੀ ਜੀਅ ਸਕਦਾ ਏ।

-------------------------------------------------------------

ਅੱਜ ਗੁਰਦਾਸਪੁਰ ਦੇ ਪੁਰਾਣਾਸ਼ਾਲਾ ਦੇ ਦਊਵਾਲ ਮੋੜ ਉੱਤੇ 2 ਬਦਮਾਸ਼ਾਂ ਅਤੇ ਪੁਲਿਸ ਦਰਮਿਆਨ ਮੁਕਾਬਲਾ ਹੋ ਗਿਆ।  ਪੁਲਿਸ ਵੱਲੋਂ ਕੀਤੀ ਜਵਾਬੀ ਫਾਇਰਿੰਗ ਵਿਚ ਦੋਵੇਂ ਮੁਲਜ਼ਮ ਜ਼ਖ਼ਮੀ ਹੋ ਗਏ।  ਸਾਡੇ

ਪੱਤਰਕਾਰ ਮੁਤਾਬਕ ਗ੍ਰਿਫਤਾਰ ਕੀਤੇ ਗਏ ਬਦਮਾਸ਼ਾਂ ਕੋਲੋਂ ਦੋ ਪਿਸਤੌਲਾਂ ਅਤੇ ਗ੍ਰੇਨੇਡ ਵੀ ਬਰਾਮਦ ਹੋਏ ਨੇ। ਇਸ ਬਾਰੇ ਐੱਸ.ਪੀ. ਗੁਰਦਾਸਪੁਰ ਜੁਗਰਾਜ ਸਿੰਘ ਨੇ ਦੱਸਿਆ ਕਿ ਕੁਝ ਦਿਨ ਪਹਿਲਾਂ ਗੁਰਦਾਸਪੁਰ ਵਿਚ ਪੁਲਿਸ ਥਾਣਾ ਸਿਟੀ ਦੇ ਬਾਹਰ ਵਾਰਦਾਤ ਹੋਈ ਸੀ ਜਿਸ ਵਿਚ ਤਿੰਨ ਵਿਅਕਤੀ ਜ਼ਖ਼ਮੀ ਹੋ ਗਏ ਸਨ। ਉਸ ਤੋਂ ਬਾਅਦ ਪੁਲਿਸ ਨੇ ਗੁਰਦਾਸਪੁਰ ਜ਼ਿਲ੍ਹੇ ਵਿਚ ਨਾਕਾਬੰਦੀ ਕੀਤੀ ਸੀ।
ਇਸ ਬਾਰੇ ਐੱਸਪੀ ਗੁਰਦਾਸਪੁਰ ਨੇ ਕਿਹਾ...

Byte

---------------------------------------------------

ਗੁਰੂ ਨਾਨਕ ਦੇਵ ਯੂਨੀਵਰਸਿਟੀ ਅੰਮ੍ਰਿਤਸਰ ਵਿਚ ਬੀਤੀ 30 ਨਵੰਬਰ ਤੋਂ ਸ਼ੁਰੂ ਹੋਇਆ ਪੰਜਾਬ ਰਾਜ ਅੰਤਰ-ਯੂਨੀਵਰਸਿਟੀ ਯੁਵਕ ਮੇਲਾ 3 ਦਸੰਬਰ ਤੱਕ ਜਾਰੀ ਰਹੇਗਾ। ਪੰਜਾਬ ਯੁਵਕ ਵਿਕਾਸ ਬੋਰਡ ਦੇ ਚੇਅਰਮੈਨ ਪਰਮਿੰਦਰ ਸਿੰਘ ਗੋਲਡੀ ਨੇ ਦੱਸਿਆ ਏ ਕਿ ਇਸ ਯੂਥ ਫੈਸਟੀਵਲ ਵਿਚ ਵੱਖ-ਵੱਖ ਤਰ੍ਹਾਂ ਦੀਆਂ 51 ਸੱਭਿਆਚਾਰਕ, ਸੰਗੀਤਕ ਅਤੇ ਕਲਾਤਮਕ ਸਰਗਰਮੀਆਂ ਸ਼ਾਮਲ ਕੀਤੀਆਂ ਗਈਆਂ ਨੇ। ਇਸ ਯੁਵਕ ਮੇਲੇ ਵਿਚ ਪਹਿਲੀ ਵਾਰ ਜੰਗਜੂ ਕਲਾ ਗੱਤਕਾ ਨੂੰ ਵੀ ਸ਼ਾਮਲ ਕੀਤਾ ਗਿਆ ਏ। ਚੇਅਰਮੈਨ ਗੋਲਡੀ ਨੇ ਕਿਹਾ ਕਿ ਸਾਲਾਨਾ ਫੈਸਟੀਵਲ ਦਾ ਮਕਸਦ ਵਿਦਿਆਰਥੀਆਂ ਵਿਚ ਆਪਸੀ ਤਾਲਮੇਲ ਨੂੰ ਵਧਾਉਂਦੇ ਹੋਏ

ਪੰਜਾਬ ਦੇ ਸੱਭਿਆਚਾਰਕ ਵਿਰਸੇ ਨੂੰ ਪ੍ਰਫੁੱਲਤ ਕਰਨਾ ਅਤੇ ਨਵੀਂ ਪੀੜ੍ਹੀ ਨੂੰ ਵਿਰਸੇ ਨਾਲ ਜੋੜਨਾ ਏ।

-----------------------------------------------------